**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸਤਿੰਦਰ ਕੁਮਾਰ ਖੈਰਾ ( 78373-82058)
ਮਕਾਨ ਨੰ: 524, ਸੈਕਟਰ 7, ਪੰਚਕੁਲਾ 134109 --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ -ਕਮ-
ਕਲੈਕਟਰ ਐਗਰੇਰੀਅਨ, ਮਾਨਸਾ --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:703/2019**

**ਹਾਜ਼ਰ:-**

1) ਸ਼ਿਕਾਇਤਕਰਤਾ ਸ੍ਰੀ ਸਤਿੰਦਰ ਕੁਮਾਰ ਖੈਰਾ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਨਹੀਂ ।

**ਹੁੱਕਮ:**

ਪਿਛਲੀ ਪੇਸ਼ੀ ਦੀ ਮਿਤੀ 06-11-2019 ਨੂੰ ਪੇਸ਼ੀ ਤੇ ਸ਼ਿਕਾਇਤਕਰਤਾ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅੱਜੇ ਤੱਕ ਸਬੰਧਤ ਰਿਕਾਰਡ ਵਿਖਾਇਆ ਨਹੀਂ ਗਿਆ ਅਤੇ ਹੁਣ ਮਿਤੀ 11-11-2019 ਨੂੰ ਰਿਕਾਰਡ ਵੇਖਣ ਲਈ ਬੁਲਾਇਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਨਹੀਂ ਹਾਜ਼ਰ ਨਹ੍ਹੀਂ ਹੋਇਆ ਇਸਤੋਂ ਪਿਛਲੀ ਪੇਸ਼ੀ ਦੀ ਮਿਤੀ 17-10-2019 ਨੂੰ ਸ੍ਰੀ ਹਰਪਿੰਦਰ ਸਿੰਘ, ਕਾਨੂੰਗੋ ਹਾਜ਼ਰ ਹੋਇਆ ਸੀ ਅਤੇ ਉਸਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਨੂੰ ਰਿਕਾਰਡ ਵਿਖਾਇਆ ਜਾਵੇ। ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸਨੂੰ ਮਿਤੀ 11-11-2019 ਨੂੰ ਰਿਕਾਰਡ ਵੇਖਣ ਲਈ ਬੁਲਾਇਆ ਗਿਆ ਹੈ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 02-12-2019 ਲਈ ਨਿਸਚਿਤ ਕੀਤਾ ਗਿਆ ਸੀ ।

2. ਸ਼ਿਕਾਇਤਕਰਤਾ ਸ੍ਰੀ ਸਤਿੰਦਰ ਕੁਮਾਰ ਖੈਰਾ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਇਸ ਕੇਸ ਵਿਚ ਉਸਨੂੰ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਅੱਜ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਹਾਜ਼ਰ ਨਹੀਂ ਹੋਇਆ।ਪਿਛਲੀ ਮਿਤੀ 17-10-2019 ਨੂੰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਕੇਸ ਵਿਚ ਹਲਫਿਆ ਬਿਆਨ ਪੇਸ਼ ਕੀਤਾ ਜਾਵੇ। ਇਸ ਉਪਰੰਤ ਮਿਤੀ 06-11-2019 ਨੂੰ ਹਾਜ਼ਰ ਸ੍ਰੀ ਹਰਪਿੰਦਰ ਸਿੰਘ ਕਾਨੂੰਗੋ ਨੂੰ ਕਿਹਾ ਗਿਆ ਸੀ ਰਿਕਾਰਡ ਵਿਖਾਇਆ ਜਾਵੇ। ਪਰ ਅੱਜ ਉਹ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜੇ ਤੱਕ ਹੁਕੱਮਾਂ ਅਨੁਸਾਰ ਹਲਫਿਆ ਬਿਆਨ ਪੇਸ਼ ਕੀਤਾ ਗਿਆ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੰਗਿਆ ਗਿਆ ਰਿਕਾਰਡ ਦਿੱਤਾ ਜਾਵੇ ਅਤੇ ਜੇਕਰ ਰਿਕਾਰਡ ਨਹੀਂ ਮਿਲਿਆ ਤਾਂ ਉਸ ਸਬੰਧੀ ਅਗਲੀ ਮਿਤੀ ਤੇ ਹੁਕੱਮਾਂ ਅਨੁਸਾਰ ਹਲਫਿਆ ਬਿਆਨ ਪੇਸ਼ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਅਪੀਲ ਕੇਸ ਵਿਚ ਅਗਲੀ ਸੁਣਵਾਈ ਲਈ ਮਿਤੀ 18-12-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 02 ਦਸੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸਤਿੰਦਰ ਕੁਮਾਰ ਖੈਰਾ ( 78373-82058)
ਮਕਾਨ ਨੰ: 524, ਸੈਕਟਰ 7, ਪੰਚਕੁਲਾ 134109 --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ -ਕਮ-
ਕਲੈਕਟਰ ਐਗਰੇਰੀਅਨ, ਸੰਗਰੂਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:705/2019**

**ਹਾਜ਼ਰ:-**

1) ਸ਼ਿਕਾਇਤਕਰਤਾ ਸ੍ਰੀ ਸਤਿੰਦਰ ਕੁਮਾਰ ਖੈਰਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਨਵਜੋਤ ਤਿਵਾੜੀ, ਨਾਇਬ ਤਹਿਸੀਲਦਾਰ ਅਗਰੇਰੀਅਨ (98729-96876)

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 29-03-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ -ਕਮ-ਕਲੈਕਟਰ ਐਗਰੇਰੀਅਨ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਲੈਂਡ ਐਕਟ 1972 ਅਧੀਨ ਸਾਲ 1973 ਤੋਂ ਹੁਣ ਤੱਕ ਸਬ ਡਵੀਜਨ ਅਫਸਰ ( ਪਹਿਲਾਂ ਕੁਲੈਕਟਰ ਐਗਰੇਰੀਅਨ ) ਵਲੋਂ ਯੋਗ ਵਿਅਕਤੀਆਂ ਨੂੰ ਸਰਪਲਸ ਜਮੀਨ ਵੰਡਨ ਸਬੰਧੀ 8 ਨੁਕਤਿਆਂ ਤੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ 08-08-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-09-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2 ਪਿਛਲੀ ਪੇਸ਼ੀ ਦੀ ਮਿਤੀ 17-10-2019 06-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪੇਸ਼ੀ ਤੇ ਸ਼ਿਕਾਇਤਕਰਤਾ ਸ੍ਰੀ ਸਤਿੰਦਰ ਕੁਮਾਰ ਖੈਰਾ ਹਾਜ਼ਰ ਹੋਇਆ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਸੁਰਿੰਦਰ ਸਿੰਘ ਪਟਵਾਰੀ (ਖੇਤੀ ਬਾੜੀ) ਹਾਜ਼ਰ ਹੋਏ। ਸ਼ਿਕਾਇਤਕਰਤਾ ਵਲੋਂ ਮੁੜ ਦੱਸਿਆ ਗਿਆ ਕਿ ਉਸਨੂੰ ਅਜੇ ਤੱਕ ਸਹੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਅਤੇ ਨਾ ਹੀ ਕੋਈ ਰਿਕਾਰਡ ਵਿਖਾਇਆ ਗਿਆ । ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਈ ਹਾਜ਼ਰ ਸ੍ਰੀ ਸੁਰਿੰਦਰ ਸਿੰਘ ਪਟਵਾਰੀ (ਖੇਤੀ ਬਾੜੀ) ਹਾਜ਼ਰ ਹੋਇਆ। ਉੱਤਰਦਾਤਾ ਨੂੰ ਮੁੜ ਹਦਾਇਤ ਕੀਤੀ ਗਈ ਕਿ ਸ਼ਿਕਾਇਤਕਰਤਾ ਨਾਲ ਸੰਪਰਕ ਕਰਦੇ ਹੋਏ ਸਬੰਧਤ ਰਿਕਾਰਡ ਵਿਖਾਇਆ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ।ਦੋਨ੍ਹਾਂ ਦੀ ਸਹਿਮਤੀ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 02-12-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਸ੍ਰੀ ਸਤਿੰਦਰ ਕੁਮਾਰ ਖੈਰਾ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਅਜੇ ਤੱਕ ਸਹੀ ਅਤੇ ਮੁਕੰਮਲ ਜਾਣਕਾਰੀ ਨਹੀਂ ਦਿੱਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਨਵਜੋਤ ਤਿਵਾੜੀ, ਨਾਇਬ ਤਹਿਸੀਲਦਾਰ ਅਗਰੇਰੀਅਨ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਸ਼ਿਕਾਇਤਕਰਤਾ ਨੂੰ ਰਿਕਾਰਡ ਵੇਖਣ ਲਈ ਮਿਤੀ 27-11-2019 ਨੂੰ ਬੁਲਾਇਆ ਗਿਆ ਸੀ ਕਿ ਉਸਨੇ ਜ਼ੋ ਰਿਕਾਰਡ ਵੇਖਣਾ ਹੈ ਉਹ ਇੰਸਪੈਕਸ਼ਨ ਕਰ ਸਕਦਾ ਹੈ ਅਤੇ ਬਾਅਦ ਵਿਚ 28-11-2019 ਨੂੰ ਵੀ ਬੁਲਾਇਆ ਗਿਆ ਪਰ ਉਹ ਹਾਜ਼ਰ ਨਹੀਂ ਹੋਏ। ਉੱਤਰਦਾਤਾ ਵਲੋਂ ਦਸਿਆ ਗਿਆ ਕਿ ਸ਼ਿਕਾਇਤਕਰਤਾ ਨੂੰ ਇੰਤਕਾਲ ਆਦਿ ਨਾਲ ਸਬੰਧਤ ਸੂਚਨਾ ਦੇ ਦਿੱਤੀ ਗਈ ਹੈ।

4. ਦੋਨਾਂ ਧਿਰਾਂ ਅੱਜ ਪੇਸ਼ੀ ਤੇ ਹਾਜਰ ਹੋਈਆਂ ਉਨ੍ਹਾ ਵਲੋਂ ਦਿੱਤੀਆਂ ਗਈਆਂ ਦਲੀਲਾਂ ਅਨੁਸਾਰ ਜਿਵੇਂ ਉੱਤਰਦਾਤਾ ਵਲੋਂ ਦਸਿਆ ਗਿਆ ਕਿ ਸ਼ਿਕਾਇਤਕਰਤਾ ਨੂੰ ਰਿਕਾਰਡ ਵੇਖਣ ਲਈ ਮਿਤੀ 27-11-2019 ਨੂੰ ਬੁਲਾਇਆ ਗਿਆ ਸੀ ਕਿ ਉਸਨੇ ਜ਼ੋ ਰਿਕਾਰਡ ਵੇਖਣਾ ਹੈ ਉਹ ਇੰਸਪੈਕਸ਼ਨ ਕਰ ਸਕਦਾ ਹੈ ਅਤੇ ਬਾਅਦ ਵਿਚ 28-11-2019 ਨੂੰ ਵੀ ਬੁਲਾਇਆ ਗਿਆ ਪਰ ਉਹ ਹਾਜ਼ਰ ਨਹੀਂ ਹੋਏ। ਉੱਤਰਦਾਤਾ ਵਲੋਂ ਇਹ ਵੀ ਦਸਿਆ ਗਿਆ ਕਿ ਸ਼ਿਕਾਇਤਕਰਤਾ ਨੂੰ ਸਬੰਧਤ ਪਿੰਡਾਂ ਦਾ ਇੰਤਕਾਲ ਆਦਿ ਨਾਲ ਸਬੰਧਤ ਸੂਚਨਾ ਦੇ ਦਿੱਤੀ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 02 ਦਸੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸਤਿੰਦਰ ਕੁਮਾਰ ਖੈਰਾ ( 78373-82058)
ਮਕਾਨ ਨੰ: 524, ਸੈਕਟਰ 7, ਪੰਚਕੁਲਾ 134109 --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ -ਕਮ-
ਕਲੈਕਟਰ ਐਗਰੇਰੀਅਨ, ਸੰਗਰੂਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:718 /2019**

**ਹਾਜ਼ਰ:-**

1) ਸ਼ਿਕਾਇਤਕਰਤਾ ਸ੍ਰੀ ਸਤਿੰਦਰ ਕੁਮਾਰ ਖੈਰਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਾਜਿੰਦਰ ਸਿੰਘ, ਕਲਰਕ (94657-38047)

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 29-03-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ -ਕਮ-ਕਲੈਕਟਰ ਐਗਰੇਰੀਅਨ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਓਸ ਨੇ ਪੰਜਾਬ ਲੈਂਡ ਐਕਟ 1972 ਅਧੀਨ ਸਾਲ 1973 ਤੋਂ ਹੁਣ ਤੱਕ ਸਬ ਡਵੀਜਨ ਅਫਸਰ ( ਪਹਿਲਾਂ ਕੁਲੈਕਟਰ ਐਗਰੇਰੀਅਨ ) ਵਲੋਂ ਯੋਗ ਵਿਅਕਤੀਆਂ ਨੂੰ ਸਰਪਲਸ ਜਮੀਨ ਵੰਡਨ ਸਬੰਧੀ 8 ਨੁਕਤਿਆਂ ਤੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ 08-08-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-09-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਇਸ ਉਪਰੰਤ ਅਗਲੀ ਮਿਤੀ 17-10-2019 ਅਤੇ ਮੁੜ ਮਿਤੀ 06-11-2019 ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 06-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪੇਸ਼ੀ ਤੇ ਸ਼ਿਕਾਇਤਕਰਤਾ ਸ੍ਰੀ ਸਤਿੰਦਰ ਕੁਮਾਰ ਖੈਰਾ ਹਾਜ਼ਰ ਹੋਇਆ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਾਜਿੰਦਰ ਸਿੰਘ ਕਲਰਕ ਹਾਜ਼ਰ ਹੋਏ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ੍ਰੀ ਰਾਜਿੰਦਰ ਸਿੰਘ, ਕਲਰਕ ਨੂੰ ਮੁੜ ਹਦਾਇਤ ਕੀਤੀ ਗਈ ਕਿ ਸ਼ਿਕਾਇਤਕਰਤਾ ਨਾਲ ਸੰਪਰਕ ਕਰਦੇ ਹੋਏ ਬਾਕੀ ਰਹਿੰਦਾ ਰਿਕਾਰਡ ਵੀ ਵਿਖਾਇਆ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਦੋਨ੍ਹਾਂ ਧਿਰਾਂ ਦੀ ਸਹਿਮਤੀ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 02-12-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਸ਼ਿਕਾਇਤਕਰਤਾ ਸ੍ਰੀ ਸਤਿੰਦਰ ਕੁਮਾਰ ਖੈਰਾ ਅੱਜ ਪੇਸ਼ੀ ਤੇ ਹਾਜ਼ਰ ਹੋਇਆ ।ਉਸ ਵਲੋਂ ਦਸਿਆ ਗਿਆ ਕਿ ਅੱਜੇ ਤੱਕ ਸਹੀ ਅਤੇ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਾਜਿੰਦਰ ਸਿੰਘ, ਕਲਰਕ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਸ਼ਿਕਾਇਤਕਰਤਾ ਨੂੰ ਲਿਸਟਾਂ ਚੈਕ ਕਰਵਾ ਦਿੱਤੀਆਂ ਗਈਆਂ ਹਨ।ਉਸ ਵਲੋਂ ਅਡੰਟੀਫਾਈ ਕੀਤੀਆਂ ਕਾਪੀਆਂ ਤਸਦੀਕ ਕਰਕੇ ਦੇ ਦਿੱਤੀਆਂ ਜਾਣਗੀਆਂ।

5. ਦੋਨਾਂ ਧਿਰਾਂ ਹਾਜ਼ਰ ਹੋਈਆਂ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਸ਼ਿਕਾਇਤਕਰਤਾ ਦੇ ਸਾਹਮਣੇ ਕਮਿਸ਼ਨ ਨੂੰ ਦਸਿਆ ਗਿਆ ਕਿ ਲਿਸਟਾਂ ਚੈਕ ਕਰਵਾ ਲਈਆਂ ਗਈਆਂ ਹਨ ਅਤੇ ਉਸ ਵਲੋਂ ਅਡੰਟੀਫਾਈ ਕੀਤੀਆਂ ਕਾਪੀਆਂ ਤਸਦੀਕ ਕਰਕੇ ਦੇ ਦਿੱਤੀਆਂ ਜਾਣਗੀਆਂ। ਇਸ ਲਈ ਦੋਨਾਂ ਧਿਰਾਂ ਦੀ ਸਹਿਮਤੀ ਨਾਲ **ਅਗਲੀ ਸੁਣਵਾਈ ਲਈ 18-12-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ: ਚੰਡੀਗੜ੍ਹ,** 02 **ਦਸੰਬਰ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੂਪਿੰਦਰ ਸਿੰਘ (ਮੋਬ: 94170-16572)
ਪੁੱਤਰ ਸ਼੍ਰੀ ਅਜੀਤ ਸਿੰਘ,
ਮਕਾਨ ਨੰ:23, ਆਤਮ ਨਗਰ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਿਪਟੀ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 947/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਸ਼੍ਰੀ ਰਾਕੇਸ਼ ਗਿਰੀ।
2) ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਸਵਨੀ ਕੁਮਾਰ, ਕਾਨੂੰਗੋ (98728-29100)।

**ਹੁੱਕਮ:**

ਪਿਛਲੀ ਪੇਸ਼ੀ, ਮਿਤੀ 07-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪੇਸ਼ੀ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਸੀ। ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਪੇਸ਼ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਸੀ। ਜਦੋਂ ਕਿ ਉੱਤਰਦਾਤਾ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ (ਦੱਖਣੀ) ਨੂੰ ਇੱਕ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਇਸ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਲਗਾਤਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਆਪਣਾ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ। ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ (ਦੱਖਣੀ) ਲੁਧਿਆਣਾ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਗਿਆ ਸੀ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ। ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਗਿਆ ਸੀ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 02-12-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਸ਼੍ਰੀ ਰਾਕੇਸ਼ ਗਿਰੀ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਸ਼੍ਰੀ ਭੁਪਿੰਦਰ ਸਿੰਘ ਵਲੋਂ ਉਸਨੂੰ ਅਥਾਰਟੀ ਦਿੱਤੀ ਗਈ ਹੈ। ਇਸ ਸਬੰਧ ਵਿਚ ਅਥਾਰਟੀ ਲੈਟਰ ਪੇਸ਼ ਕੀਤਾ ਗਿਆ, ਜ਼ੋ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਤਹਿਸੀਲਦਾਰ ਕਮ ਪੀ.ਆਈ.ਓ. ਲੁਧਿਆਣਾ (ਦੱਖਣੀ) ਵੱਲੋਂ ਸ਼੍ਰੀ ਅਸਵਨੀ ਕੁਮਾਰ, ਕਾਨੂੰਗੋ ਹਾਜ਼ਰ ਹੋਇਆ। ਉਸ ਵਲੋਂ ਪੱਤਰ ਨੰ: 2184 ਮਿਤੀ 29-11-2019 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ, ਮਿਸਲ ਤੇ ਰੱਖ ਲਿਆ ਗਿਆ ਹੈ। ਜਦੋ ਕਿ ਤਹਿਸੀਲਦਾਰ ਕਮ ਪੀ.ਆਈ.ਓ. ਲੁਧਿਆਣਾ (ਪੂਰਬੀ) ਵਲੋਂ ਈ.ਮੇਲ ਰਾਹੀਂ ਆਪਣੇ ਪੱਤਰ ਮਿਤੀ 12-06-2019, 28-08-2019, ਉਨ੍ਹਾਂ ਵਲੋਂ ਦਸਿਆ ਗਿਆ ਹੈ ਕਿ ਇਸ ਕੇਸ ਦਾ ਸਬੰਧ ਤਹਿਸੀਲਦਾਰ ਕਮ ਪੀ.ਆਈ.ਓ. ਲੁਧਿਆਣਾ (ਦੱਖਣੀ) ਨਾਲ ਹੈ। ਪੱਤਰ ਮਿਸਲ ਤੇ ਰੱਖ ਲਏ ਗਏ ਹਨ।

4. ਅਪੀਲਕਰਤਾ ਵਲੋਂ ਉਸਦਾ ਨੁਮਾਇੰਦਾ ਪੇਸ਼ ਹੋਇਆ। ਇਸੇ ਤਰ੍ਹਾਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਤਹਿਸੀਲਦਾਰ ਕਮ ਪੀ.ਆਈ.ਓ. ਲੁਧਿਆਣਾ (ਦੱਖਣੀ) ਵੱਲੋਂ ਸ਼੍ਰੀ ਅਸਵਨੀ ਕੁਮਾਰ, ਕਾਨੂੰਗੋ ਹਾਜ਼ਰ ਹੋਇਆ ਉਸ ਵਲੋਂ ਪੇਸ਼ ਕੀਤੇ ਉਕਤ ਪੱਤਰ ਅਨੁਸਾਰ ਤਹਿਸੀਲਦਾਰ ਲੁਧਿਆਣਾ ਦੱਖਣੀ ਵਲੋਂ ਲਿਖਿਆ ਗਿਆ ਹੈ ਕਿ ਇਸ ਕੇਸ ਦੇ ਨਾਲ ਇਕ ਹੋਰ ਕੇਸ ਵਿਡੀਓ ਕਾਨਫਰੰਸ ਰਾਹੀਂ ਸਮਾਂ 3.30 ਵਜੇ ਡੀ.ਸੀ.ਆਫਿਸ ਲੁਧਿਆਣਾ ਵਿਖੇ ਲੱਗਾ ਹੈ (ਅਪੀਲ ਕੇਸ ਨੰ: 2580/2019 ਚੀਫ ਇੰਨਫਰਮੇਸ਼ਨ ਕਮਿਸ਼ਨ) ਕਾਪੀ ਪੇਸ਼ ਕੀਤੀ ਗਈ। ਇਸ ਲਈ ਨਿਮਨ ਹਸਤਾਖਰ ਨੂੰ ਖੁਦ ਪੇਸ਼ ਹੋਣ ਲਈ ਆਖਰੀ ਮੌਕਾ ਦਿੱਤਾ ਗਿਆ ਹੈ, ਇਸ ਲਈ ਸ਼੍ਰੀ ਅਸ਼ਵਨੀ ਕੁਮਾਰ ਕਾਨੂੰਗੋ ਨੂੰ ਸੂਚਨਾ ਦੇ ਕੇ ਭੇਜਿਆ ਰਿਹਾ ਹੈ ਜੇਕਰ ਉਨ੍ਹਾਂ ਦਾ ਪੇਸ਼ ਹੋਣਾ ਲਾਜ਼ਮੀ ਹੈ ਤਾਂ ਅਗਲੀ ਪੇਸ਼ੀ/ਮਿਤੀ ਦਿੱਤੀ ਜਾਵੇ। ਇਸ ਦੇ ਨਾਲ ਹੀ ਪੱਤਰ ਮਿਤੀ 29-11-2019 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸਬੰਧਤ ਹੈ ਸੂਚਨਾ ਦਿੱਤੀ ਗਈ ਹੈ।

ਉਕਤ ਅਨੁਸਾਰ ਤਹਿਸੀਲਦਾਰ ਲੁਧਿਆਣਾ (ਦਖੱਣੀ) ਵਲੋਂ ਲਿਖਿਆ ਗਿਆ ਹੈ ਕਿ ਇਕ ਹੋਰ ਕੇਸ ਵਿਡੀਓ ਕਾਨਫਰੰਸ ਰਾਹੀਂ ਸਮਾਂ 3.30 ਵਜੇ ਡੀ.ਸੀ.ਆਫਿਸ ਲੁਧਿਆਣਾ ਵਿਖੇ ਲੱਗਾ ਹੈ। ਇਸ ਲਈ ਉਥੇ ਜਾਣਾ ਜ਼ਰੂਰੀ ਹੈ, ਇਥੇ ਆਉਣਾ ਜ਼ਰੂਰੀ

ਪਰਤੋ ਜੀ -------ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 947/2019

ਨਾਲ ਜਦੋ ਉਸਨੂੰ ਇਸ ਕੇਸ ਵਿਚ ਕਾਰਨ ਦਸੋ ਨੋਟਿਸ ਜ਼ਾਰੀ ਕੀਤਾ ਗਿਆ ਸੀ ਅਤੇ ਇਹ ਵੀ ਕਿਹਾ ਗਿਆ ਸੀ ਉਸਨੂੰ ਰੁ:250/- ਪ੍ਰਤੀ ਦਿਨ ਜੁਰਮਾਨਾ ਕੀਤਾ ਜਾਵੇਗਾ। ਇਹ ਸਮਝ ਨਹੀਂ ਆ ਰਿਹਾ ਕਿ ਉਹ ਦੂਜੇ ਕਮਿਸ਼ਨ ਦੇ ਵੀਡੀਓ ਕਾਨਫਰੰਸ ਦੇ ਆਰਡਰ ਲਈ ਜੋ 3.30 ਵਜੇ ਨਿਸਚਿਤ ਹੈ ਨੂੰ ਗੰਭੀਰਤਾ ਨਾਲ ਲੈ ਰਿਹਾ ਹੈ ਪਰ ਇਸ ਕਮਿਸ਼ਨ ਦੇ ਹੁਕੱਮਾਂ ਨੂੰ ਤਰਜੀਹ ਨਹੀ ਦਿੱਤੀ ਜਾ ਰਹੀ। ਜਦੋਂ ਕਿ ਦੋਨਾਂ ਕੋਰਟਾਂ ਦਾ ਸਮਾਂ ਵੀ 11-30 ਵਜੇ ਸਵੇਰੇ ਅਤੇ 3-30 ਵਜੇ ਦੁਪਹਿਰ ਤੋਂ ਬਾਅਦ ਹੋਣ ਕਾਰਨ ਵੱਖ ਵੱਖ ਸੀ ਅਤੇ ਉਹ ਦੋਵੇ ਕੇਸ ਅਟੈਂਡ ਕਰ ਸਕਦਾ ਸੀ। ਪਹਿਲਾਂ ਇਸ ਕਮਿਸ਼ਨ ਦਾ ਅਤੇ ਬਾਅਦ ਵਿਚ ਲੁਧਿਆਣਾ ਜਾ ਕੇ ਦੂਜੇ ਕੇਸ ਨੂੰ। ਇਸ ਤੋਂ ਜਾਪਦਾ ਹੈ ਕਿ ਪਿਛਲੀਆਂ ਮਿਤੀਆਂ ਤੇ ਵੀ ਉਹ ਜਾਣਬੁਝ ਕੇ ਹਾਜਰ ਨਹੀਂ ਹੋਇਆ ਅਤੇ ਅੱਜ ਵੀ ਜਾਣਬੁਝ ਕੇ ਇਸ ਕੇਸ ਵਿਚ ਹਾਜ਼ਰ ਨਹੀਂ ਹੋਇਆ। ਇਸ ਲਈ ਪੇਸ਼ ਕੀਤੀ ਗਈ ਸੂਚਨਾ ਤੇ ਵਿਚਾਰ ਕਰਨ ਤੋਂ ਪਹਿਲਾਂ ਕਮਿਸ਼ਨ ਦਾ ਸਨਮਾਨ ਜ਼ਰੂਰੀ ਹੈ ਕਿ ਜਿਹੜਾ ਵਿਭਾਗੀ ਅਧਿਕਾਰੀ (ਸ੍ਰੀ ਗੁਰਦੇਵ ਸਿੰਘ ਧਾਮ) ਕਮਿਸ਼ਨ ਦੇ ਹੁਕੱਮਾਂ ਦੀ ਪਰਵਾਹ ਨਹੀਂ ਕਰ ਰਿਹਾ ਅਤੇ ਨਾ ਹੀ ਕਾਰਨ ਦਸੋ ਨੋਟਿਸ ਦੀ ਪ੍ਰਵਾਹ ਕਰ ਰਿਹਾ ਹੈ ਉਸਨੂੰ ਇਕ ਹੋਰ ਮੋਕਾ ਦੇ ਕੇ ਵੇਖ ਲਿਆ ਜਾਵੇ । ਇਸ ਲਈ ਉਸਨੂੰ ਇਕ ਹੋਰ ਮੌਕਾ ਦਿਤਾ ਜਾ ਰਿਹਾ ਹੈ ਕਿ ਉਹ ਕੱਲ ਮਿਤੀ 03-12-2019 ਨੂੰ ਸਵੇਰੇ 11.30 ਵਜੇ ਕਮਿਸ਼ਨ ਦੇ ਪੇਸ਼ ਹੋਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 03-12-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 02 **ਦਸੰਬਰ** 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**ਕਾਪੀ:-**

(ਦਸਤੀ) 1. **ਉਪ ਮੰਡਲ ਮੈਜਿਸਟਰੇਟ (ਦੱਖਣੀ) ਲੁਧਿਆਣਾ**
ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਲੁਧਿਆਣਾ (ਦੱਖਣੀ)

2. ਡਿਪਟੀ ਕਮਿਸ਼ਨਰ, ਲੁਧਿਆਣਾ, ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸ਼ੀਨੂ ਪੱਤਨੀ ਸ਼੍ਰੀ ਅਮਿਤ ਕੁਮਾਰ9803100777
ਫਲੈਟ ਨੰ: ਸੀ 4 ਮਾਰਵੈਲ ਹੋਮਜ ਬੜੇਵਾਲ ਰੋਡ,
(Barewal road) ,ਲੁਧਿਆਣਾ। ------ਸ਼ਿਕਾਇਤ ਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ, ਐਮ.ਸੀ. ਲੁਧਿਆਣਾ। -------- ਉੱਤਰਦਾਤਾ

**ਸ਼ਿਕਾਇਤ ਕੇਸ ਨੰ 856 /2019**

**ਹਾਜ਼ਰ:-**

1) ਸ਼ਿਕਾਇਤਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਜੀਤ ਸਿੰਘ, ਡਰਾਫਟਸਮੈਂਨ (98141-66090)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-07-2019 , ਲੋਕ ਸੂਚਨਾ ਅਧਿਕਾਰੀ ਐਮ.ਸੀ. ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਐਮ.ਸੀ.ਲੁਧਿਆਣਾ ਤੋਂ ਮੋਤੀਆ ਮਾਰਵਲ ਹੋਮ, ਵੈਰਾਵਾਲ ਰੋਡ, ਲੁਧਿਆਣਾ ਨਾਲ ਸਬੰਧਤ 05 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-09-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 13-11-2019 ਨੂੰ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਜੈ ਕੁਮਾਰ, ਏ.ਟੀ.ਪੀ. ਅਤੇ ਰਾਜ ਕੁਮਾਰ, ਏ.ਪੀ.ਆਈ.ਓ. ਹਾਜ਼ਰ ਹੋਇਆ। ਉਸ ਵਲੋਂ ਪੱਤਰ ਨੰ: 335/ਏ.ਟੀ.ਪੀ.-ਡੀ/ਆਰ.ਟੀ.ਆਈ-ਡੀ ਮਿਤੀ 08-11-2019 ਪੇਸ਼ ਕੀਤਾ ਗਿਆ ਜਿਸ ਅਨੁਸਾਰ ਉਨ੍ਹਾਂ ਵਲ੍ਹੋ ਸ਼੍ਰੀਮਤੀ ਸ਼ੀਨੂੰ ਪਤਨੀ ਸ਼੍ਰੀ ਅਮਿਤ ਕੁਮਾਰ ਵਲੋਂ ਮੰਗੀ ਗਈ ਸੂਚਨਾ ਪੱਤਰ ਨੰ: 285/ਏ.ਟੀ.ਪੀ.-ਡੀ/ਆਰ.ਟੀ.ਆਈ-ਡੀ ਮਿਤੀ 04-10-2019 ਰਾਹੀਂ ਪਹਿਲਾਂ ਹੀ ਸਪੀਡ ਪੋਸਟ ਰਾਹੀਂ ਮੁਹੱਈਆ ਕਰਵਾਈ ਜਾ ਚੁੱਕੀ ਹੈ । ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਵਿਚ ਪਾਈਆਂ ਤਰੁੱਟੀਆਂ ਸਬੰਧੀ ਪੱਤਰ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਰਜਿਸਟਰਡ ਡਾਕ ਰਾਹੀਂ ਭੇਜਿਆ ਜਾਵੇ ਅਤੇ ਕਾਪੀ ਕਮਿਸ਼ਨ ਨੂੰ ਭੇਜੀ ਜਾਵੇ। ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਦੇ ਹੋਏ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਕਾਪੀ ਭੇਜੀ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 02-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ ਮਿਤੀ 25-11-2019 ਅਤੇ ਪੱਤਰ ਮਿਤੀ 26-11-2019 ਰਾਹੀਂ ਦਸਿਆ ਗਿਆ ਕਿ ਉਸ ਵਲੋਂ 05 ਨੁਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਗਈ ਸੀ ਪਰ ਉਸਨੂੰ ਉੱਤਰਦਾਤਾ ਵਲੋਂ ਕੋਈ ਸੂਚਨਾ ਨਹੀਂ ਦਿੱਤੀ ਗਈ । ਈ ਮੇਲ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਜੀਤ ਸਿੰਘ, ਡਰਾਫਟਸਮੈਂਨ ਹਾਜ਼ਰ ਹੋਇਆ। ਉਸ ਵਲੋਂ ਪੱਤਰ ਮਿਤੀ 02-12-2019 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ ਵਲੋਂ ਹਾਜ਼ਰ ਨੁੰਮਾਇੰਦੇ ਵਲੋਂ ਸੁਚਿਤ ਕੀਤਾ ਗਿਆ ਕਿ ਹੁਕੱਮ ਮਿਤੀ 13-11-2019 ਅਨੁਸਾਰ ਸ਼ਿਕਾਇਤਕਰਤਾ ਵਲੋਂ ਉਨ੍ਹਾਂ ਨੂੰ ਮੁਹੱਈਆ ਕਰਵਾਈ ਗਈ ਸੂਚਨਾ ਵਿਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਸੂਚਿਤ ਕੀਤਾ ਜਾਣਾ ਸੀ। ਪਰ ਸ਼ਿਕਾਇਤਕਰਤਾ ਵਲੋਂ ਨਗਰ ਨਿਗਮ ਲੁਧਿਆਣਾ ਨੂੰ ਕੋਈ ਤਰੁੱਟੀ/ਡੈਫਿਸੈਂਸੀ ਬਾਰੇ ਸੁਚਿਤ ਨਹੀਂ ਕੀਤਾ ਗਿਆ। ਇਸ ਤੋਂ ਇਲਾਵਾ ਸ਼ਿਕਾਇਤਕਰਤਾ ਵਲੋਂ ਕਮਿਸ਼ਨ ਨੂੰ ਵੀ ਪਾਈ ਗਈ ਤਰੁੱਟੀ ਸਬੰਧੀ ਨਹੀਂ ਦਸਿਆ ਗਿਆ। ਉਸ ਵਲੋਂ ਆਪਣੇ ਈ.ਮੇਲ. ਮਿਤੀ 25-11-2019 ਅਤੇ ਪੱਤਰ ਮਿਤੀ 26-11-2019 ਜੋ ਮਿਸਲ ਤੇ ਉਪਲਭਧ ਹਨ ਰਾਹੀਂ

ਪਰਤੋ ਜੀ------ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ** 856 /2019

ਦਸਿਆ ਗਿਆ ਉਸਨੂੰ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਜਦੋਂ ਕਿ ਉੱਤਰਦਾਤਾ ਵਲੋਂ ਉਕਤ ਦਸੇ ਅਨੁਸਾਰ ਆਪਣੇ ਪੱਤਰ ਮਿਤੀ 08-11-2019 ਰਾਹੀਂ ਦਸਿਆ ਗਿਆ ਸੀ ਕਿ ਸ਼ਿਕਾਇਤਕਰਤਾ ਨੂੰ ਪੱਤਰ ਮਿਤੀ 04-10-2019 ਰਾਹੀਂ ਸੂਚਨਾ ਭੇਜਦੇ ਹੋਏ ਦਸਿਆ ਗਿਆ ਸੀ ਕਿ ਇਸ ਸੂਚਨਾ ਦਾ ਸਬੰਧ ਤੀਸਰੀ ਧਿਰ ਨਾਲ ਹੈ, ਇਸ ਲਈ ਆਰ.ਟੀ.ਆਈ. ਐਕਟ 2005 ਦੀ ਧਾਰਾ 8(1)(ਜੇ) ਤਹਿਤ ਸੂਚਨਾ ਨਹੀ ਦਿੱਤੀ ਜਾ ਸਕਦੀ। ਇਸ ਦੇ ਨਾਲ ਹੀ ਬਿਲਡਿੰਗ ਸਬੰਧੀ ਕੇਸ ਮਾਨਯੋਗ ਸਟੇਟ ਕੰਯੂਮਰ ਡਿਸਪੀਓਟ ਰਿਡਰੈਸਲ ਕਮਿਸ਼ਨ, ਪੰਜਾਬ ਚੰਡੀਗੜ੍ਹ ਵਿਚ ਲੰਬਿਤ ਹੋਣ ਕਾਰਨ ਆਰ.ਟੀ.ਆਈ.ਐਕਟ ਦੀ ਧਾਰਾ 8(ਬੀ) ਤਹਿਤ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਇਸ ਤਰ੍ਹਾਂ ਸ਼ਿਕਾਇਤ ਕਰਤਾ ਨੂੰ ਪਹਿਲਾਂ ਹੀ ਉੱਤਰਦਾਤਾ ਵਲੋਂ ਸੂਚਨਾ ਦਿੱਤੀ ਜਾ ਚੁੱਕੀ ਹੈ। ਇਸ ਲਈ ਇਸ ਕੇਸ ਵਿਚ ਹੋਰ ਕਾਰਵਾਈ ਦੀ ਲੋੜ ਨਹੀਂ। ਇਹ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 02 **ਦਸੰਬਰ** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਕੁਮਾਰ ਗੁਪਤਾ (88476-82014)
ਪੁੱਤਰ ਸ਼੍ਰੀ ਜੈ ਕਿਸ਼ਨ ਦਾਸ ਗੁਪਤਾ,
ਮਕਾਨ ਨੰ 158, ਪਿੰਡ ਤੋਗਾਂ, ਡਾਕਖਾਨਾ ਤੀਰਾ,
ਜ਼ਿਲ੍ਹਾ ਮੁਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ। --------ਉੱਤਰਦਾਤਾ

**ਅਪੀਲ ਕੇਸ ਨੰ:2104 /2019**

**ਹਾਜ਼ਰ:-**

1) ਅਪੀਲਕਰਤਾ ਸ਼੍ਰੀ ਰਾਜਿੰਦਰ ਕੁਮਾਰ ਗੁਪਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮੋਹਿਤ ਕੁਮਾਰ,ਪੰਚਾਇਤ ਸਕੱਤਰ-ਕਮ-ਏ.ਪੀ.ਆਈ.ਓ. (98724-79007)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-02-2019, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਰਾਮ ਸਰੂਪ ਸਿੰਘ, ਪੰਚ ਅਧਿਕਾਰੀ ਸਰਪੰਚ, ਤੋਗਾਂ ਵੱਲੋਂ ਗਰਾਮ ਦੇ ਪੰਚਾਇਤੀ ਫੰਡ 50475/-ਰੁਪਏ (ਕੇਵਲ ਪੰਜਾਹ ਹਜ਼ਾਰ, ਚਾਰ ਸੌ, ਪਜੱਤਰ ਰੁਪਏ) ਦੀ ਕੁਵਰਤੋਂ ਕਰਨ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 26-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਇਸ ਉਪਰੰਤ ਸਮੇ ਸਮੇਂ ਹੋਈ ਕਾਰਵਾਈ ਉਪਰੰਤ ਇਹ ਕੇਸ ਅਗਲੀ ਮਿਤੀ 22-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ ਦੀ ਮਿਤੀ 22-10-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਸੀ ਸਬੰਧੀ ਤਰੁੱਟੀਆਂ ਉੱਤਰਦਾਤਾ ਨੂੰ ਨੋਟ ਕਰਵਾ ਦਿੱਤੀਆਂ ਗਈਆਂ ਸਨ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ। ਅਪੀਲਕਰਤਾ ਵਲੋਂ ਦੱਸੇ ਅਨੁਸਾਰ ਕਿ ਉਸ ਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਸੀ ਸਬੰਧੀ ਤਰੁੱਟੀਆਂ ਉੱਤਰਦਾਤਾ ਨੂੰ ਨੋਟ ਕਰਵਾ ਦਿੱਤੀਆਂ ਗਈਆਂ ਸਨ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਉਨ੍ਹਾਂ ਨੂੰ ਜ਼ੋ ਤਰੁੱਟੀਆਂ ਨੋਟ ਕਰਵਾਈਆਂ ਗਈਆਂ ਹਨ ਉਨ੍ਹਾਂ ਦੀ ਪੂਰਤੀ 10 ਦਿਨਾਂ ਦੇ ਅੰਦਰ ਅੰਦਰ ਕਰਕੇ ਬਾਕੀ ਦੀ ਸਹੀ ਜਾਣਕਾਰੀ ਭੇਜੀ ਜਾਵੇ ਅਤੇ ਕਮਿਸ਼ਨ ਨੂੰ ਸੂਚਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 14-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪਿਛਲੀ ਪੇਸ਼ੀ ਦੀ ਮਿਤੀ 14-11-2019 ਨੂੰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਸੀ ਪਰ ਉੱਤਰਦਾਤਾ ਵਲੋਂ ਈ.ਮੇਲ ਰਾਹੀਂ ਸੂਚਿਤ ਕੀਤਾ ਗਿਆ ਕਿ ਉਹ ਨਿੱਜੀ ਪ੍ਰੋਬਲਮ ਕਾਰਨ ਹਸਪਤਾਲ ਸੈਕਟਰ 16, ਚੰਡੀਗੜ੍ਹ ਵਿਚ ਹੈ ਇਸ ਲਈ ਉਹ ਹਾਜ਼ਰ ਨਹੀਂ ਹੋ ਸਕਦਾ ਅਗਲੀ ਮਿਤੀ ਦਿੱਤੀ ਜਾਵੇ। ਅਪੀਲਕਰਤਾ ਵੀ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਕਿਉਂਜੋ ਅਪੀਲਕਰਤਾ ਨਾਲ ਟੈਲੀਫੋਨ ਤੇ ਸੰਪਰਕ ਹੋਣ ਤੇ ਉਸਨੂੰ ਦੱਸ ਦਿੱਤਾ ਗਿਆ ਸੀ ਕਿ ਉੱਤਰਦਾਤਾ ਨਿੱਜੀ ਪ੍ਰੋਬਲਮ ਕਾਰਨ ਹਸਪਤਾਲ ਸੈਕਟਰ 16, ਚੰਡੀਗੜ੍ਹ ਵਿਚ ਹੈ ਇਸ ਲਈ ਉੱਤਰਦਾਤਾ ਵਲੋਂ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ । ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਪੇਸ਼ੀ ਦੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 02-12-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅੱਜ ਵੀ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**





ਮੁਕੰਮਲ ਸੂਚਨਾ ਨਹੀਂ ਦਿੱਤੀ ਗਈ। ਜੋ ਹੋਰ ਸੂਚਨਾ ਦਿੱਤੀ ਗਈ ਹੈ ਉਹ ਰਿਪੀਟਿਡ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋ ਹਾਜ਼ਰ ਸ੍ਰੀ ਮੋਹਿਤ ਕੁਮਾਰ,ਪੰਚਾਇਤ ਸਕੱਤਰ- ਕਮ- ਏ.ਪੀ.ਆਈ.ਓ. ਵਲੋਂ ਪੱਤਰ ਨੰ: 8 ਮਿਤੀ 02-12-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ । ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਪੇਸ਼ੀ ਦੋਰਾਨ ਇਹ ਪੱਤਰ ਅਪੀਲਕਰਤਾ ਨੂੰ ਦਸਤੀ ਦੇ ਦਿੱਤਾ ਗਿਆ ।

5. ਦੋਨਾਂ ਧਿਰਾਂ ਵਲੋਂ ਪੇਸ਼ ਕੀਤੀਆਂ ਗਈਆਂ ਦਲੀਲਾਂ ਅਤੇ ਉੱਤਰਦਾਤਾ ਵਲੋਂ ਪਹਿਲਾਂ ਦਿੱਤੀ ਗਈ ਸੂਚਨਾ ਅਤੇ ਉਕੱਤ ਪੱਤਰ ਮਿਤੀ 02-12-2019 ਰਾਹੀਂ ਦਿੱਤੀ ਗਈ ਸੂਚਨਾ ਨੂੰ ਘੋਖਣ ਤੇ ਪਾਇਆ ਗਿਆ ਕਿ ਉੱਤਰਦਾਤਾ ਵਲੋਂ ਨੁਕਤਾਵਾਰ ਵਿਸਥਾਰਪੂਰਵਕ ਸੂਚਨਾ ਪੇਸ਼ੀ ਦੋਰਾਨ ਦੇ ਦਿਤੀ ਗਈ ਹੈ। ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਨਾਲ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 02 ਦਸੰਬਰ 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਕੁਮਾਰ ਗੁਪਤਾ (88476-82014)
ਪੁੱਤਰ ਸ਼੍ਰੀ ਜੈ ਕਿਸ਼ਨ ਦਾਸ ਗੁਪਤਾ,
ਮਕਾਨ ਨੰ 158, ਪਿੰਡ ਤੋਗਾਂ, ਡਾਕਖਾਨਾ ਤੀਰਾ,
ਜ਼ਿਲ੍ਹਾ ਮੁਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ। --------ਉੱਤਰਦਾਤਾ

**ਅਪੀਲ ਕੇਸ ਨੰ:2105 /2019**

**ਹਾਜ਼ਰ:-**

1) ਅਪੀਲਕਰਤਾ ਸ਼੍ਰੀ ਰਾਜਿੰਦਰ ਕੁਮਾਰ ਗੁਪਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮੋਹਿਤ ਕੁਮਾਰ,ਪੰਚਾਇਤ ਸਕੱਤਰ-ਕਮ-ਏ.ਪੀ.ਆਈ.ਓ. (98724-79007)।

**ਹੁੱਕਮ:**

ਪਿਛਲੀ ਮਿਤੀ 14-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ ਪਰ ਉੱਤਰਦਾਤਾ ਵਲੋਂ ਈ.ਮੇਲ ਰਾਹੀਂ ਸੂਚਿਤ ਕੀਤਾ ਗਿਆ ਕਿ ਉਹ ਨਿੱਜੀ ਪ੍ਰੋਬਲਮ ਕਾਰਨ ਹਸਪਤਾਲ ਸੈਕਟਰ 16, ਚੰਡੀਗੜ੍ਹ ਵਿਚ ਹੈ ਇਸ ਲਈ ਉਹ ਹਾਜ਼ਰ ਨਹੀਂ ਹੋ ਸਕਦਾਂ ਅਗਲੀ ਮਿਤੀ ਦਿੱਤੀ ਜਾਵੇ। ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਕਿਉਂਜੋ ਅਪੀਲਕਰਤਾ ਨਾਲ ਟੈਲੀਫੋਨ ਤੇ ਸੰਪਰਕ ਹੋਣ ਤੇ ਅਪੀਲਕਰਤਾ ਨੂੰ ਦੱਸ ਦਿੱਤਾ ਗਿਆ ਸੀ ਕਿ ਉੱਤਰਦਾਤਾ ਨਿੱਜੀ ਪ੍ਰੋਬਲਮ ਕਾਰਨ ਹਸਪਤਾਲ ਸੈਕਟਰ 16, ਚੰਡੀਗੜ੍ਹ ਵਿਚ ਹੈ ਇਸ ਲਈ ਉਤਰਦਾਤਾ ਵਲੋਂ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ । ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਪੇਸ਼ੀ ਦੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 02-12-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅੱਜ ਵੀ ਮੁਕੰਮਲ ਸੂਚਨਾ ਨਹੀਂ ਦਿੱਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋ ਹਾਜ਼ਰ ਸ੍ਰੀ ਮੋਹਿਤ ਕੁਮਾਰ,ਪੰਚਾਇਤ ਸਕੱਤਰ- ਕਮ-ਏ.ਪੀ.ਆਈ.ਓ. ਵਲੋਂ ਪੱਤਰ ਨੰ: 9 ਮਿਤੀ 02-12-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ।ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਪੇਸ਼ੀ ਦੋਰਾਨ ਇਹ ਪੱਤਰ ਅਪੀਲਕਰਤਾ ਨੂੰ ਦਸਤੀ ਦੇ ਦਿੱਤਾ ਗਿਆ । ਉਸ ਵਲੋਂ ਦਸਿਆ ਗਿਆ ਕਿ ਇਸ ਕੇਸ ਵਿਚ ਕੁਝ ਰਿਕਾਰਡ ਸਰਪੰਚਾਂ/ਪੰਚਾਂ ਤੋਂ ਲੈ ਕੇ ਦੇਣਾ ਹੈ, ਜਿਸ ਸਬੰਧੀ ਉਸ ਵਲੋਂ ਸਮੇਂ ਦੀ ਮੰਗ ਕੀਤੀ ਗਈ।

4. ਉੱਤਰਦਾਤਾ ਵਲੋਂ ਦਸੀ ਉਕਤ ਸਥਿਤੀ ਦੇ ਸਨਮੁੱਖ ਇਸ ਕੇਸ ਵਿਚ ਹੋਰ ਸਮੇ ਦੀ ਮੰਗ ਕੀਤੀ ਗੀ , ਜਿਸ ਨੂੰ ਪ੍ਰਵਾਨ ਕਰਦੇ ਹੋਏ ਅਤੇ ਦੋਨਾਂ ਧਿਰਾਂ ਦੀ ਸਹਿਮਤੀ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 16-01-2020 ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 02 ਦਸੰਬਰ 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਕੁਮਾਰ ਗੁਪਤਾ (88476-82014)
ਪੁੱਤਰ ਸ਼੍ਰੀ ਜੈ ਕਿਸ਼ਨ ਦਾਸ ਗੁਪਤਾ,
ਮਕਾਨ ਨੰ 158, ਪਿੰਡ ਤੋਗਾਂ, ਡਾਕਖਾਨਾ ਤੀਰਾ,
ਜ਼ਿਲ੍ਹਾ ਮੁਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ। --------ਉੱਤਰਦਾਤਾ

**ਅਪੀਲ ਕੇਸ ਨੰ:2106 /2019**

**ਹਾਜ਼ਰ:-**

1) ਅਪੀਲਕਰਤਾ ਸ਼੍ਰੀ ਰਾਜਿੰਦਰ ਕੁਮਾਰ ਗੁਪਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮੋਹਿਤ ਕੁਮਾਰ,ਪੰਚਾਇਤ ਸਕੱਤਰ-ਕਮ-ਏ.ਪੀ.ਆਈ.ਓ. (98724-79007)।

**ਹੁਕਮ:**

ਇਸ ਕੇਸ ਵਿਚ ਪਿਛਲੀ ਮਿਤੀ 14-11-2019 ਨੂੰ ਸੁਣਵਾਈ ਕੀਤੀ ਗਈ ਸੀ । ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਸੀ ਪਰ ਉੱਤਰਦਾਤਾ ਵਲੋਂ ਈ.ਮੇਲ ਰਾਹੀਂ ਸੂਚਿਤ ਕੀਤਾ ਗਿਆ ਸੀ ਕਿ ਉਹ ਨਿੱਜੀ ਪ੍ਰੋਬਲਮ ਕਾਰਨ ਹਸਪਤਾਲ ਸੈਕਟਰ 16, ਚੰਡੀਗੜ੍ਹ ਵਿਚ ਹੈ ਇਸ ਲਈ ਉਹ ਹਾਜ਼ਰ ਨਹੀਂ ਹੋ ਸਕਦਾਂ ਅਗਲੀ ਮਿਤੀ ਦਿੱਤੀ ਜਾਵੇ। ਅਪੀਲਕਰਤਾ ਵੀ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਕਿਉਂਜੋ ਅਪੀਲਕਰਤਾ ਨਾਲ ਟੈਲੀਫੋਨ ਤੇ ਸੰਪਰਕ ਹੋਣ ਤੇ ਅਪੀਲਕਰਤਾ ਨੂੰ ਦੱਸ ਦਿੱਤਾ ਗਿਆ ਸੀ ਕਿ ਉੱਤਰਦਾਤਾ ਨਿੱਜੀ ਪ੍ਰੋਬਲਮ ਕਾਰਨ ਹਸਪਤਾਲ ਸੈਕਟਰ 16, ਚੰਡੀਗੜ੍ਹ ਵਿਚ ਹੈ ਇਸ ਲਈ ਉਸ ਵਲੋਂ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ । ਇਸ ਲਈ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਪੇਸ਼ੀ ਦੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 02-12-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅੱਜ ਵੀ ਮੁਕੰਮਲ ਸੂਚਨਾ ਨਹੀਂ ਦਿੱਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋ ਹਾਜ਼ਰ ਸ੍ਰੀ ਮੋਹਿਤ ਕੁਮਾਰ,ਪੰਚਾਇਤ ਸਕੱਤਰ- ਕਮ-ਏ.ਪੀ.ਆਈ.ਓ. ਵਲੋਂ ਪੱਤਰ ਨੰ: 10 ਮਿਤੀ 02-12-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ । ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਹ ਪੱਤਰ ਪੇਸ਼ੀ ਦੋਰਾਨ ਅਪੀਲਕਰਤਾ ਨੂੰ ਦਸਤੀ ਦੇ ਦਿੱਤਾ ਗਿਆ । ਉਸ ਵਲੋਂ ਦਸਿਆ ਗਿਆ ਕਿ ਇਸ ਕੇਸ ਵਿਚ ਕੁਝ ਰਿਕਾਰਡ ਸਰਪੰਚਾਂ/ਪੰਚਾਂ ਤੋਂ ਲੈ ਕੇ ਦੇਣਾ ਹੈ, ਇਸ ਲਈ ਉੱਤਰਦਾਤਾ ਵਲੋਂ ਸਮੇਂ ਦੀ ਮੰਗ ਕੀਤੀ ਗਈ।

4. ਉੱਤਰਦਾਤਾ ਵਲੋਂ ਦਸੀ ਉਕਤ ਸਥਿਤੀ ਦੇ ਸਨਮੁੱਖ ਇਸ ਕੇਸ ਵਿਚ ਹੋਰ ਸਮੇ ਦੀ ਮੰਗ ਕੀਤੀ ਗਈ ਹੈ, ਜਿਸ ਨੂੰ ਪ੍ਰਵਾਨ ਕਰਦੇ ਹੋਏ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਸੂਚਨਾ ਦਿੱਤੀ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ।ਇਸ ਹਦਾਇਤ ਨਾਲ ਅਤੇ ਦੋਨਾਂ ਧਿਰਾਂ ਦੀ ਸਹਿਮਤੀ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 16-01-2020 ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 02 ਦਸੰਬਰ 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**